ਮਲਾਰ ॥ ਹਰਿ ਜਪਤ ਤੇਊ ਜਨਾ ਪਦਮ ਕਵਲਾਸ ਪਤਿ ਤਾਸ ਸਮ ਤੁਲਿ ਨਹੀ ਆਨ ਕੋਊ ॥ ਏਕ ਹੀ ਏਕ ਅਨੇਕ ਹੋਇ ਬਿਸਥਰਿਓ ਆਨ ਰੇ ਆਨ ਭਰਪੂਰਿ ਸੋਊ ॥ ਰਹਾਉ ॥ ਜਾ ਕੈ ਭਾਗਵਤੁ ਲੇਖੀਐ ਅਵਰੁ ਨਹੀ ਪੇਖੀਐ ਤਾਸ ਕੀ ਜਾਤਿ ਆਛੋਪ ਛੀਪਾ ॥ ਬਿਆਸ ਮਹਿ ਲੇਖੀਐ ਸਨਕ ਮਹਿ ਪੇਖੀਐ ਨਾਮ ਕੀ ਨਾਮਨਾ ਸਪਤ ਦੀਪਾ ॥੧ ॥ ਜਾ ਕੈ ਈਦਿ ਬਕਰੀਦਿ ਕੁਲ ਗਊ ਰੇ ਬਧੁ ਕਰਹਿ ਮਾਨੀਅਹਿ ਸੇਖ ਸਹੀਦ ਪੀਰਾ ॥ ਜਾ ਕੈ ਬਾਪ ਵੈਸੀ ਕਰੀ ਪੂਤ ਐਸੀ ਸਰੀ ਤਿਹੂ ਰੇ ਲੋਕ ਪਰਸਿਧ ਕਬੀਰਾ ॥੨॥ ਜਾ ਕੇ ਕੁਟੰਬ ਕੇ ਢੇਢ ਸਭ ਢੋਰ ਢੋਵੰਤ ਫਿਰਹਿ ਅਜਹੁ ਬੰਨਾਰਸੀ ਆਸ ਪਾਸਾ ॥ ਆਚਾਰ ਸਹਿਤ ਬਿਪ੍ਰ ਕਰਹਿ ਡੰਡਉਤਿ ਤਿਨ ਤਨੈ ਰਵਿਦਾਸ ਦਾਸਾਨ ਦਾਸਾ ॥੩॥੨॥ {ਪੰਨਾ 1293}

ਪਦ ਅਰਥ:- ਤੇਊ—ਉਹੀ ਮਨੁੱਖ। ਜਨਾ—(ਪ੍ਰਭੂ ਦੇ) ਸੇਵਕ। ਪਦਮ ਕਵਲਾਸ ਪਤਿ—(p©piq kmlwpiq) ਪਦਮਾਪਤਿ, ਕਮਲਾਪਤਿ। ਪਦਮਾ—ਲੱਛਮੀ, ਮਾਇਆ। ਕਮਲਾ—ਲੱਛਮੀ, ਮਾਇਆ। ਪਦਮਾਪਤਿ—ਪਰਮਾਤਮਾ। ਕਵਲਾਸਪਤਿ—ਪਰਮਾਤਮਾ, ਮਾਇਆ ਦਾ ਪਤੀ। ਤਾਸ ਸਮ —ਉਸ ਪ੍ਰਭੂ ਦੇ ਸਮਾਨ, ਉਸ ਪ੍ਰਭੂ ਵਰਗਾ। ਤਾਸ ਤੁਲਿ—ਉਸ ਪਰਮਾਤਮਾ ਦੇ ਬਰਾਬਰ ਦਾ। ਕੋਊ ਆਨ—ਕੋਈ ਹੋਰ। ਹੋਇ—ਹੋ ਕੇ, ਬਣ ਕੇ। ਬਿਸਥਰਿਓ—ਖਿਲਰਿਆ ਹੋਇਆ, ਵਿਆਪਕ। ਰੇ—ਹੇ ਭਾਈ! ਆਨ ਆਨ—(Skt.AXn AXn) ਘਰ ਘਰ ਵਿਚ, ਘਟ ਘਟ ਵਿਚ। ਸੋਊ—ਉਹੀ ਪ੍ਰਭੂ। ਰਹਾਉ।

ਜਾ ਕੈ—ਜਿਸ ਦੇ ਘਰ ਵਿਚ। ਭਾਗਵਤੁ —ਪਰਮਾਤਮਾ ਦੀ ਸਿਫ਼ਤਿ -ਸਾਲਾਹ। ਅਵਰੁ—(ਪ੍ਰਭੂ ਤੋਂ ਬਿਨਾ) ਕੋਈ ਹੋਰ। ਆਛੋਪ—ਅਛੋਹ, ਅਛੂਤ। ਛੀਪਾ—ਛੀਂਬਾ। ਪੇਖੀਐ—ਵੇਖਣ ਵਿਚ ਆਉਂਦਾ ਹੈ। ਨਾਮਨਾ—ਵਡਿਆਈ। ਸਪਤ ਦੀਪਾ—ਸੱਤਾਂ ਦੀਪਾਂ ਵਿਚ, ਸਾਰੇ ਸੰਸਾਰ ਵਿਚ।1।

ਜਾ ਕੈ—ਜਿਸ ਦੀ ਕੁਲ ਵਿਚ। ਬਕਰੀਦਿ —ਉਹ ਈਦ ਜਿਸ ਤੇ ਗਊ ਦੀ ਕੁਰਬਾਨੀ ਦੇਂਦੇ ਹਨ (ਬਕਰ—ਗਊ)। ਬਧੁ ਕਰਹਿ—ਜ਼ਬਹ ਕਰਦੇ ਹਨ, ਕੁਰਬਾਨੀ ਦੇਂਦੇ ਹਨ। ਮਾਨੀਅਹਿ—ਮੰਨੇ ਜਾਂਦੇ ਹਨ, ਪੂਜੇ ਜਾਂਦੇ ਹਨ। ਜਾ ਕੈ —ਜਿਸ ਦੇ ਖ਼ਾਨਦਾਨ ਵਿਚ। ਬਾਪ —ਪਿਉ ਦਾਦਿਆਂ, ਵੱਡਿਆਂ ਨੇ। ਐਸੀ ਸਰੀ—ਇਹੋ ਜਿਹੀ ਸਰ ਆਈ, ਅਜਿਹੀ ਹੋ ਸਕੀ। ਤਿਹੂ ਲੋਕ—ਤਿੰਨਾਂ ਹੀ ਲੋਕਾਂ ਵਿਚ, ਸਾਰੇ ਜਗਤ ਵਿਚ। ਪਰਸਿਧ—ਮਸ਼ਹੂਰ।2।

ਢੇਢ—ਨੀਚ ਜਾਤ ਦੇ ਬੰਦੇ। ਅਜਹੁ —ਅਜੇ ਤਕ। ਆਚਾਰ —ਕਰਮ-ਕਾਂਡ। ਆਚਾਰ ਸਹਿਤ — ਕਰਮ-ਕਾਂਡੀ, ਸ਼ਾਸਤ੍ਰਾਂ ਦੀ ਮਰਯਾਦਾ ਤੇ ਤੁਰਨ ਵਾਲੇ। ਤਿਨ ਤਨੈ —ਉਹਨਾਂ ਦੇ ਪੁੱਤਰ (ਰਵਿਦਾਸ) ਨੂੰ। ਦਾਸਾਨ ਦਾਸਾ—ਪ੍ਰਭੂ ਦੇ ਦਾਸਾਂ ਦਾ ਦਾਸ।3।

ਅਰਥ:- ਜੋ ਮਨੁੱਖ ਮਾਇਆ ਦੇ ਪਤੀ ਪਰਮਾਤਮਾ ਨੂੰ ਸਿਮਰਦੇ ਹਨ, ਉਹ ਪ੍ਰਭੂ ਦੇ (ਅਨਿੰਨ) ਸੇਵਕ ਬਣ ਜਾਂਦੇ ਹਨ, ਉਹਨਾਂ ਨੂੰ ਉਸ ਪ੍ਰਭੂ ਵਰਗਾ, ਉਸ ਪ੍ਰਭੂ ਦੇ ਬਰਾਬਰ ਦਾ, ਕੋਈ ਹੋਰ ਨਹੀਂ ਦਿੱਸਦਾ (ਇਸ ਵਾਸਤੇ ਉਹ ਕਿਸੇ ਦਾ ਦਬਾ ਨਹੀਂ ਮੰਨਦੇ) ਹੇ ਭਾਈ! ਉਹਨਾਂ ਨੂੰ ਇਕ ਪਰਮਾਤਮਾ ਹੀ ਅਨੇਕ ਰੂਪਾਂ ਵਿਚ ਵਿਆਪਕ, ਘਟ ਘਟ ਵਿਚ ਭਰਪੂਰ ਦਿੱਸਦਾ ਹੈ। ਰਹਾਉ।

ਜਿਸ (ਨਾਮਦੇਵ) ਦੇ ਘਰ ਵਿਚ ਪ੍ਰਭੂ ਦੀ ਸਿਫ਼ਤਿ-ਸਾਲਾਹ ਲਿਖੀ ਜਾ ਰਹੀ ਹੈ, (ਪ੍ਰਭੂ-ਨਾਮ ਤੋਂ ਬਿਨਾ) ਕੁਝ ਹੋਰ ਵੇਖਣ ਵਿਚ ਨਹੀਂ ਆਉਂਦਾ (ਉੱਚੀ ਜਾਤ ਵਾਲਿਆਂ ਦੇ ਭਾਣੇ) ਉਸ ਦੀ ਜਾਤ ਛੀਂਬਾ ਹੈ ਤੇ ਉਹ ਅਛੂਤ ਹੈ (ਪਰ ਉਸ ਦੀ ਵਡਿਆਈ ਤਿੰਨ ਲੋਕਾਂ ਵਿਚ ਹੋ ਰਹੀ ਹੈ ); ਬਿਆਸ (ਦੇ ਧਰਮ-ਪੁਸਤਕ) ਵਿਚ ਲਿਖਿਆ ਮਿਲਦਾ ਹੈ, ਸਨਕ (ਆਦਿਕ ਦੇ ਪੁਸਤਕ) ਵਿਚ ਭੀ ਵੇਖਣ ਵਿਚ ਆਉਂਦਾ ਹੈ ਕਿ ਹਰੀ-ਨਾਮ ਦੀ ਵਡਿਆਈ ਸਾਰੇ ਸੰਸਾਰ ਵਿਚ ਹੁੰਦੀ ਹੈ।1।

(ਨੋਟ:- ਚੂੰਕਿ ਇਹ ਬਹਿਸ ਉੱਚੀ ਜਾਤ ਵਾਲਿਆਂ ਨਾਲ ਹੈ , ਇਸ ਵਾਸਤੇ ਉਹਨਾਂ ਦੇ ਆਪਣੇ ਹੀ ਘਰ ਵਿਚੋਂ ਬਿਆਸ ਸਨਕ ਆਦਿਕ ਦਾ ਹਵਾਲਾ ਦਿੱਤਾ ਹੈ। ਰਵਿਦਾਸ ਜੀ ਖ਼ੁਦ ਇਹਨਾਂ ਦੇ ਸ਼ਰਧਾਲੂ ਨਹੀਂ ਹਨ।)

ਹੇ ਭਾਈ! ਜਿਸ (ਕਬੀਰ) ਦੀ ਜਾਤ ਦੇ ਲੋਕ (ਮੁਸਲਮਾਨ ਬਣ ਕੇ) ਈਦ ਬਕਰੀਦ ਦੇ ਸਮੇ (ਹੁਣ) ਗਊਆਂ ਹਲਾਲ ਕਰਦੇ ਹਨ ਅਤੇ ਜਿਨ੍ਹਾਂ ਦੀ ਘਰੀਂ ਹੁਣ ਸੇਖਾਂ ਸ਼ਹੀਦਾਂ ਤੇ ਪੀਰਾਂ ਦੀ ਮਾਨਤਾ ਹੁੰਦੀ ਹੈ, ਜਿਸ (ਕਬੀਰ) ਦੀ ਜਾਤ ਦੇ ਵੱਡਿਆਂ ਨੇ ਇਹ ਕਰ ਵਿਖਾਈ , ਉਹਨਾਂ ਦੀ ਹੀ ਜਾਤ ਵਿਚ ਜੰਮੇ ਪੁੱਤਰ ਤੋਂ ਅਜਿਹੀ ਸਰ ਆਈ (ਕਿ ਮੁਸਲਮਾਨੀ ਹਕੂਮਤ ਦੇ ਦਬਾ ਤੋਂ ਨਿਡਰ ਰਹਿ ਕੇ ਹਰੀ -ਨਾਮ ਸਿਮਰ ਕੇ) ਸਾਰੇ ਸੰਸਾਰ ਵਿਚ ਮਸ਼ਹੂਰ ਹੋ ਗਿਆ।2।

ਜਿਸ ਦੇ ਖ਼ਾਨਦਾਨ ਦੇ ਨੀਚ ਲੋਕ ਬਨਾਰਸ ਦੇ ਆਸੇ -ਪਾਸੇ (ਵੱਸਦੇ ਹਨ ਤੇ) ਅਜੇ ਤਕ ਮੋਏ ਹੋਏ ਪਸ਼ੂ ਢੋਂਦੇ ਹਨ, ਉਹਨਾਂ ਦੀ ਕੁਲ ਵਿਚ ਜੰਮੇ ਪੁੱਤਰ ਰਵਿਦਾਸ ਨੂੰ , ਜੋ ਪ੍ਰਭੂ ਦੇ ਦਾਸਾਂ ਦਾ ਦਾਸ ਬਣ ਗਿਆ ਹੈ, ਸ਼ਾਸਤ੍ਰਾਂ ਦੀ ਮਰਯਾਦਾ ਅਨੁਸਾਰ ਤੁਰਨ ਵਾਲੇ ਬ੍ਰਾਹਮਣ ਨਮਸਕਾਰ ਕਰਦੇ ਹਨ।3।2।